## TODAY'S HUKAMNAMA FROM SRI DARBAR SAHIB
## Sri Amritsar.

**[June 21, 2013, Friday 04:30 AM. IST]**

vfhMsu mhlw 5 Gru 2

ੴ ਸਤਿਗੁਰ ਪ੍ਰਸਾਦਿ ॥

ਮੇਰੈ ਅੰਤਰਿ ਲੋਚਾ ਮਿਲਣ ਕੀ ਪਿਆਰੇ ਹਉ ਕਿਉ ਪਾਈ ਗੁਰ ਪੂਰੇ ॥ ਜੇ ਸਉ ਖੇਲ ਖੇਲਾਈਐ ਬਾਲਕੁ ਰਹਿ ਨ ਸਕੈ ਬਿਨ ਖੀਰੇ ॥ ਮੇਰੈ ਅੰਤਰਿ ਭੁਖ ਨ ਉਤਰੈ ਅੰਮਾਲੀ ਜੇ ਸਉ ਭੋਜਨ ਮੈ ਨੀਰੇ ॥ ਮੇਰੈ ਮਨਿ ਤਨਿ ਪ੍ਰੇਮੁ ਪਿਰੰਮ ਕਾ ਬਿਨੁ ਦਰਸਨ ਕਿਉ ਮਨੁ ਧੀਰੇ ॥੧॥ ਸੁਣਿ ਸਜਣ ਮੇਰੇ ਪ੍ਰੀਤਮ ਭਾਈ ਮੈ ਮੇਲਿਹੁ ਮਿਤ੍ਰੁ ਸੁਖਦਾਤਾ ॥ ਓਹੁ ਜੀਅ ਕੀ ਮੇਰੀ ਸਭ ਬੇਦਨ ਜਾਣੈ ਨਿਤ ਸੁਣਾਵੈ ਹਰਿ ਕੀਆ ਬਾਤਾ ॥ ਹਉ ਇਕੁ ਖਿਨੁ ਤਿਸੁ ਬਿਨੁ ਰਹਿ ਨ ਸਕਾ ਜਿਉ ਚਾਤ੍ਰਿਕੁ ਜਲ ਕਉ ਬਿਲਲਾਤਾ ॥ ਹਉ ਕਿਆ ਗੁਣ ਤੇਰੇ ਸਾਰਿ ਸਮਾਲੀ ਮੈ ਨਿਰਗੁਣ ਕਉ ਰਖਿ ਲੇਤਾ ॥੨॥ ਹਉ ਭਈ ਉਡੀਣੀ ਕੰਤ ਕਉ ਅੰਮਾਲੀ ਸੋ ਪਿਰੁ ਕਦਿ ਨੈਣੀ ਦੇਖਾ ॥ ਸਭਿ ਰਸ ਭੋਗਣ ਵਿਸਰੇ ਬਿਨੁ ਪਿਰ ਕਿਤੈ ਨ ਲੇਖਾ ॥ ਇਹੁ ਕਾਪੜੁ ਤਨਿ ਨ ਸੁਖਾਵਈ ਕਰਿ ਨ ਸਕਉ ਹਉ ਵੇਸਾ ॥ ਜਿਨੀ ਸਖੀ ਲਾਲੁ ਰਾਵਿਆ ਪਿਆਰਾ ਤਿਨ ਆਗੈ ਹਮ ਆਦੇਸਾ ॥੩॥ ਮੈ ਸਭਿ ਸੀਗਾਰ ਬਣਾਇਆ ਅੰਮਾਲੀ ਬਿਨੁ ਪਿਰ ਕਾਮਿ ਨ ਆਏ ॥ ਜਾ ਸਹਿ ਬਾਤ ਨ ਪੁਛੀਆ ਅੰਮਾਲੀ ਤਾ ਬਿਰਥਾ ਜੋਬਨੁ ਸਭੁ ਜਾਏ ॥ ਧਨੁ ਧਨੁ ਤੇ ਸੋਹਾਗਣੀ ਅੰਮਾਲੀ ਜਿਨ ਸਹੁ ਰਹਿਆ ਸਮਾਏ ॥ ਹਉ ਵਾਰਿਆ ਤਿਨ ਸੋਹਾਗਣੀ ਅੰਮਾਲੀ ਤਿਨ ਕੇ ਧੋਵਾ ਸਦ ਪਾਏ ॥੪॥ ਜਿਚਰੁ ਦੂਜਾ ਭਰਮੁ ਸਾ ਅੰਮਾਲੀ ਤਿਚਰੁ ਮੈ ਜਾਣਿਆ ਪ੍ਰਭੁ ਦੂਰੇ ॥ ਜਾ ਮਿਲਿਆ ਪੂਰਾ ਸਤਿਗੁਰੁ ਅੰਮਾਲੀ ਤਾ ਆਸਾ ਮਨਸਾ ਸਭ ਪੂਰੇ ॥ ਮੈ ਸਰਬ ਸੁਖਾ ਸੁਖ ਪਾਇਆ ਅੰਮਾਲੀ ਪਿਰੁ ਸਰਬ ਰਹਿਆ ਭਰਪੂਰੇ ॥ ਜਨ ਨਾਨਕ ਹਰਿ ਰੰਗੁ ਮਾਣਿਆ ਅੰਮਾਲੀ ਗੁਰ ਸਤਿਗੁਰ ਕੈ ਲਗਿ ਪੈਰੇ ॥੫॥੧॥੯॥

ਪ੍ਰਭੂ ਪਤੀ ਤੋਂ ਵਿਛੁੜੀ ਜੀਵ ਰੂਪ ਇਸਤਰੀ ਦੀ ਵੇਦਨਾ ਇਸ ਸ਼ਬਦ ਵਿਚ ਪ੍ਰਗਟ ਕੀਤੀ ਗਈ ਹੈ । ਉਸਨੂੰ ਸਰੀਰ ਦੇ ਸਾਰੇ ਭੋਗ ਖਾਣਾ ਪੀਣਾ ਪਹਿਨਣਾ ਚੰਗਾ ਨਹੀਂ ਲਗਦਾ ।ਨਾਹ ਸਰੀਰਕ ਸ਼ਿੰਗਾਰ ਕਰਨ ਨੂੰ ਉਸਦਾ ਮਨ ਕਰਦਾ ਹੈ ।ਆਪਣੇ ਪ੍ਰਭੂ ਲਈ ਉਸਦੇ ਮਨ ਦੀ ਪਿਆਸ ਬਾਲਕ ਦੇ ਦੁੱਧ ਦੀ ਲੋੜ ਵਰਗੀ ਮਹਿਸੂਸ ਹੁੰਦੀ ਹੈ ।ਇਸਦਾ ਭਾਵ ਇਹ ਹੈ ਕਿ ਆਤਮਿਕ ਜਿਗਿਆਸੂ ਨੂੰ ਸੰਸਾਰ ਦੀ ਕਿਸੇ ਵਸਤੂ ਵਿਚੋਂ ਸੱਚਾ ਸੁੱਖ ਨਹੀਂ ਮਿਲਦਾ ।ਉਹ ਹਮੇਸ਼ਾ ਸੱਚੇ ਆਤਮਿਕ ਸੁੱਖ ਨੂੰ ਤਾਂਘਦਾ ਹੈ ।ਇਸ ਸੁੱਖ ਦੀ ਪ੍ਰਾਪਤੀ ਲਈ ਗੁਰੂ ਦੀ ਸ਼ਰਣ ਅਤੇ ਸਤਿਸੰਗ ਦਾ ਮੇਲ ਹੀ ਸਹਾਇਕ ਹੋ ਸਕਦਾ ਹੈ ।